# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**14:35 Pm**

**ਮਿਤੀ: 25-01-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਇਹ ਮਾਣ ਵਾਲੀ ਗੱਲ ਏ ਕਿ ਭਾਰਤ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਏ । ਅੱਜ ਦੁਪਹਿਰ ਨਵੀਂ ਦਿੱਲੀ ਵਿਚ 15ਵੇਂ ਰਾਸ਼ਟਰੀ ਵੋਟਰ ਦਿਵਸ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਭਾਰਤ ਲੋਕਤੰਤਰ ਦੀ ਜਨਨੀ ਏ ਤੇ ਦੇਸ਼ ਵਿਚ ਲੋਕਰਾਜੀ ਅਮਲ ਪੁਰਾਤਨ ਸਮੇਂ ਤੋਂ ਮੌਜੂਦ ਏ। ਉਨ੍ਹਾਂ ਕਿਹਾ ਕਿ ਭਾਰਤ ਦਾ ਲੋਕਤੰਤਰ ਆਧੁਨਿਕ ਵਿਸ਼ਵ ਲਈ ਇਕ ਵਿਲੱਖਣ ਉਦਾਹਰਣ ਏ।

---

ਓਧਰ ਵੋਟਰ ਦਿਵਸ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਇਕ ਸੋਸ਼ਲ ਮੀਡੀਆ ਪੋਸਟ ਵਿਚ ਸ਼੍ਰੀ ਮੋਦੀ ਨੇ ਕਿਹਾ ਕਿ ਇਹ ਦਿਨ ਭਾਰਤ ਦੇ ਜੀਵੰਤ ਲੋਕਤੰਤਰ ਦਾ ਜਸ਼ਨ

ਮਨਾਉਣ ਤੇ ਹਰੇਕ ਨਾਗਰਿਕ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਸਸ਼ਕਤ ਬਣਾਉਣ ਬਾਰੇ ਏ । ਉਨ੍ਹਾਂ ਕਿਹਾ ਕਿ ਇਹ ਰਾਸ਼ਟਰ ਦੇ ਭਵਿੱਖ ਨੂੰ ਆਕਾਰ ਦੇਣ ਵਿਚ ਭਾਗੀਦਾਰੀ ਦੇ ਮਹੱਤਵ ਨੂੰ ਉਜਾਗਰ ਕਰਦਾ ਏ । ਪ੍ਰਧਾਨ ਮੰਤਰੀ ਨੇ ਇਸ ਸਬੰਧ ਵਿੱਚ ਚੋਣ ਕਮਿਸ਼ਨ ਦੇ ਮਿਸਾਲੀ ਯਤਨਾਂ ਦੀ ਵੀ ਸ਼ਲਾਘਾ ਕੀਤੀ ।

---------------------------------------------------------------

ਅੱਜ 15ਵੇਂ ਰਾਸ਼ਟਰੀ ਵੋਟਰ ਦਿਵਸ ਮੌਕੇ ਪੰਜਾਬ ਦਾ ਰਾਜ ਪੱਧਰੀ ਸਮਾਰੋਹ ਲੁਧਿਆਣਾ ਵਿਖੇ ਕਰਵਾਇਆ ਜਾਂ ਰਿਹਾ ਏ। ਇਸ ਤੋਂ ਇਲਾਵਾ ਵੱਖ-ਵੱਖ ਜ਼ਿਲਿਆ ਵਿੱਚ ਸਮਾਰੋਹ ਆਯੋਜਿਤ ਕੀਤੇ ਜਾ ਰਹੇ ਨੇ।

---------------------------------------------------------------

ਪੰਜਾਬ ਵਿੱਚ ਕੱਲ੍ਹ ਗਣਤੰਤਰ ਦਿਵਸ ਨੂੰ ਧਿਆਨ ਵਿੱਚ ਰੱਖਦੇ ਹੋਏ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਸੁਰੱਖਿਆ ਉਪਾਅ ਵਧਾ ਦਿੱਤੇ ਗਏ ਨੇ। ਪੰਜਾਬ ਪੁਲਿਸ ਮੁਖੀ DGP ਗੌਰਵ ਯਾਦਵ ਤੇ ਵਧੀਕ ਡੀਜੀਪੀਜ਼ ਨੇ ਸਰਹੱਦੀ ਰੇਂਜਾਂ ਤੇ ਹੋਰ ਜ਼ਿਲ੍ਹਿਆਂ ਦੇ ਸੀਨੀਅਰ ਪੁਲਿਸ ਅਧਿਕਾਰੀਆਂ

ਨਾਲ ਕਈ ਕਾਨੂੰਨ ਵਿਵਸਥਾ ਸਮੀਖਿਆ ਮੀਟਿੰਗਾਂ ਦੀ ਪ੍ਰਧਾਨਗੀ ਕੀਤੀ ਏ। ਗਣਤੰਤਰ ਦਿਵਸ ਸਮਾਰੋਹ ਦੇ ਕਈ ਸਥਾਨਾਂ ਨੂੰ ਨੋ-ਡਰੋਨ ਫਲਾਈ ਜ਼ੋਨ ਐਲਾਨੇਆ ਗਿਆ ਏ। ਪੁਲਿਸ ਮੁਖੀ ਯਾਦਵ ਨੇ ਸਾਰੇ ਰਾਜ ਪੁਲਿਸ ਨੂੰ ਸਾਰੀਆਂ ਮਹੱਤਵਪੂਰਨ ਰਣਨੀਤਕ ਥਾਵਾਂ 'ਤੇ ਆਪਣੀ ਮੌਜੂਦਗੀ ਨੂੰ ਯਕੀਨੀ ਬਣਾ ਕੇ ਸ਼ਾਂਤੀ ਤੇ ਸਦਭਾਵਨਾ ਬਣਾਈ ਰੱਖਣ ਤੇ ਹੋਰ ਰੋਕਥਾਮ ਤੇ ਜਾਸੂਸੀ ਉਪਾਅ ਵੀ ਕਰਨ ਲਈ ਕਿਹਾ ਏ। ਇਸੇ ਦੌਰਾਨ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਕੱਲ੍ਹ ਲੁਧਿਆਣਾ ਵਿਖੇ ਰਾਜ ਪੱਧਰੀ ਗਣਤੰਤਰ ਦਿਵਸ ਸਮਾਗਮ ਵਿੱਚ ਰਾਸ਼ਟਰੀ ਝੰਡਾ ਲਹਿਰਾਉਣਗੇ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਟਿਆਲਾ ਵਿਖੇ ਸਮਾਰੋਹ ਵਿਚ ਤਿਰੰਗਾ ਲਹਿਰਾਉਣਗੇ।

-----------------------------------------------------------

ਪੰਜਾਬ ਪੁਲੀਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ ਨੇ ਲਾਰੈਂਸ ਬਿਸ਼ਨੋਈ-ਗੋਲਡੀ ਬਰਾੜ ਗੈਂਗ ਦੇ ਇਕ ਸਾਥੀ ਮਹਿਫੂਜ ਉਰਫ਼ ਵਿਸ਼ਾਲ ਖਾਨ ਨੂੰ ਇਕ ਪਿਸਤੌਲ ਤੇ ਪੰਜ ਜ਼ਿੰਦਾ ਕਾਰਤੂਸ ਸਮੇਤ ਗ੍ਰਿਫ਼ਤਾਰ ਕੀਤਾ ਏ। ਇਹ ਗੈਂਗਸਟਰ ਸਤੰਬਰ 2024 ਵਿਚ ਡੇਰਾ ਬੱਸੀ ਵਿਚ ਇਕ

ਕੋਚਿੰਗ ਸੈਂਟਰ ਵਿਚ ਹੋਈ ਗੋਲੀਬਾਰੀ ਦਾ ਮਾਸਟਰਮਾਈਂਡ ਸੀ ਤੇ ਫ਼ਰਾਰ ਚੱਲ ਰਿਹਾ ਸੀ। ਇਸ ਸਬੰਧੀ ਡੀ. ਜੀ. ਪੀ ਗੌਰਵ ਯਾਦਵ ਨੇ ਸੋਸ਼ਲ ਮੀਡੀਆ ਪੋਸਟ ਰਾਹੀਂ ਜਾਣਕਾਰੀ ਦਿੱਤੀ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਉਹ ਟਰਾਈਸਿਟੀ ਵਿਚ ਅਪਰਾਧ ਕਰਨ ਦੀ ਯੋਜਨਾ ਬਣਾ ਰਿਹਾ ਸੀ। ਗ੍ਰਿਫ਼ਤਾਰ ਗੈਂਗਸਟਰ 2023 ਤੋਂ ਵਿਦੇਸ਼ ਬੈਠੇ ਅੱਤਵਾਦੀ ਗੋਲਡੀ ਬਰਾੜ ਦੇ ਨਿਰਦੇਸ਼ਾਂ ’ਤੇ ਕੰਮ ਕਰ ਰਿਹਾ ਸੀ।

---------------------------------------------------------------

ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਵਲੋਂ ਜ਼ਿਲ੍ਹਾ ਜਲੰਧਰ ਦੇ ਅਚਨਚੇਤ ਦੌਰੇ ਦੌਰਾਨ ਵੱਖ-ਵੱਖ ਸਕੀਮਾਂ ਦਾ ਨਿਰੀਖਣ ਕੀਤਾ ਗਿਆ। ਵੱਖ-ਵੱਖ ਸਕੂਲਾਂ ਦੇ ਦੌਰੇ ਦੌਰਾਨ ਉਹਨਾਂ ਕਰਕੇ ਬੱਚਿਆਂ ਨੂੰ ਪਰੋਸੇ ਜਾਂਦੇ ਮਿਡ ਡੇ ਮੀਲ ਦਾ ਜਾਇਜ਼ਾ ਲਿਆ। ਉਨ੍ਹਾਂ ਸਰਕਾਰੀ ਸਕੂਲਾਂ ਵਿਚ ਮਿਡ-ਡੇ ਮੀਲ ਦੀ ਜਾਂਚ ਤੋਂ ਇਲਾਵਾ ਸਕੂਲਾਂ ਦੇ ਅਨਾਜ ਭੰਡਾਰ ਘਰਾਂ ਦਾ ਨਿਰੀਖਣ ਵੀ ਕੀਤਾ। ਅਧਿਕਾਰੀਆਂ ਨੂੰ ਸਾਫ਼-ਸਫਾਈ ਸਬੰਧੀ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੰਦਿਆਂ ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਪਰੋਸੇ ਜਾਂਦੇ ਖਾਣੇ ਦੀ ਗੁਣਵੱਤਾ

ਹਰ ਹਾਲ ਯਕੀਨੀ ਬਣਾਈ ਜਾਵੇ ।ਉਹਨਾਂ ਆਂਗਣਵਾੜੀ ਕੇਂਦਰਾਂ ਦੀ ਵੀ ਚੈਕਿੰਗ ਕੀਤੀ।

-------------------------------------------------------------

ਜ਼ਿਲਾ ਤਰਨ ਤਾਰਨ ਵਿੱਚ ਟ੍ਰੈਫਿਕ ਪੁਲਿਸ ਕਮਿਸ਼ਨਰ ਤਰਨ ਤਾਰਨ ਦੇ ਸਹਿਯੋਗ ਨਾਲ ਜ਼ਿਲ੍ਹਾ ਯੁਵਾ ਅਧਿਕਾਰੀ ਜਸਲੀਨ ਕੌਰ ਦੀ ਅਗਵਾਈ ਹੇਠ ਜ਼ਿਲ੍ਹਾ ਤਰਨ ਤਾਰਨ ਵਿਚ ਸੜਕ ਸੁਰੱਖਿਆ ਜਾਗਰੂਕਤਾ ਮੁਹਿੰਮਾਂ ਤੇ ਸੜਕੀ ਆਵਾਜਾਈ ਲਈ ਸਵੈ-ਇੱਛਤ ਸਹਾਇਤਾ ਪ੍ਰੋਗਰਾਮ ਕਰਵਾਏ ਗਏ, ਜਿਨਾਂ ਦਾ ਉਦੇਸ਼ ਨੌਜਵਾਨਾਂ ਨੂੰ ਸੜਕ ਸੁਰੱਖਿਆ ਨਿਯਮਾਂ ਬਾਰੇ ਸਿਖਲਾਈ ਦੇਣਾ, ਟ੍ਰੈਫਿਕ ਪੁਲਿਸ ਵਿਭਾਗ ਨਾਲ ਸਹਿਯੋਗ ਨੂੰ ਸੁਚਾਰੂ ਬਣਾਉਣਾ ਤੇ ਸੜਕ ਸੁਰੱਖਿਆ ਜਾਗਰੂਕਤਾ ਵਿਦਿਅਕ ਗਤੀਵਿਧੀਆਂ ਕਰਾ ਲੋਕਾ ਨੂੰ ਸਿੱਖਿਅਤ ਕਰਨਾ ਏ ।ਇਸੇ ਸਬੰਧੀ ਸਰਕਾਰੀ ਕਾਲਜ ਤਰਨ ਤਾਰਨ ਵਿਖੇ ਇਕ ਰੋਜ਼ਾ ਸੈਮੀਨਾਰ ਗਿਆ, ਜਿਸ ਵਿੱਚ ਟ੍ਰੈਫਿਕ ਪੁਲਿਸ ਤਰਨ ਤਾਰਨ ਦੇ ਸਬ-ਇੰਸਪੈਕਟਰ ਬਿਕਰਮਜੀਤ ਸਿੰਘ ਨੇ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ।

-----------------------------------------------------------

ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਸ਼੍ਰੋਮਣੀ ਕਮੇਟੀ ਵਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਚੌਰ ਸਾਹਿਬ ਦੀ ਸੇਵਾ ਨਿਭਾਈ । ਕੀਰਤਨ ਵਿਚ ਜਿਥੇ ਗਤਕਾ ਤੇ ਬੈਂਡ ਪਾਰਟੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ ਉਥੇ ਹੀ ਕਾਰ ਸੇਵਾ ਵਾਲੇ ਮਹਾਂਪੁਰਖਾਂ ਤੇ ਸੰਗਤਾਂ ਵਲੋਂ ਕਈ ਪ੍ਰਕਾਰ ਦੇ ਲੰਗਰ ਲਗਾਏ ਗਏ। ਜਿਕਰਯੋਗ ਏ ਕਿ 27 ਜਨਵਰੀ ਨੂੰ ਬਾਬਾ ਦੀਪ ਸਿੰਘ ਜੀ ਜਨਮ ਦਿਹਾੜੇ ਮੌਕੇ ਗੁਰੂਦੁਆਰਾ ਸ਼ਹੀਦਗੰਜ ਬਾਬਾ ਦੀਪ ਸਿੰਘ ਜੀ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਾਰਾ ਦਿਨ ਵਿਸ਼ੇਸ਼ ਗੁਰਮਤਿ ਦੀਵਾਨ ਸਜਾਏ ਜਾਣਗੇ।

-----------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਨਗਰ ਨਿਗਮ ਜ਼ੋਨ-ਬੀ ਲੁਧਿਆਣਾ ਦੇ ਲੰਬੜਦਾਰ ਸੰਜੇ ਕੁਮਾਰ ਵਾਸੀ ਲੁਧਿਆਣਾ ਨੂੰ ਇਕ ਸਫ਼ਾਈ ਸੇਵਕ ਤੋਂ ਪ੍ਰਤੀ ਮਹੀਨਾ 6 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ

ਕੀਤਾ ਏ। ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਕੇਸ ਨਗਰ ਨਿਗਮ, ਲੁਧਿਆਣਾ ਦੇ ਸਫ਼ਾਈ ਸੇਵਕ ਸੰਦੀਪ ਵਾਸੀ ਲੁਧਿਆਣਾ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਸ਼ਿਕਾਇਤ ਉਪਰੰਤ ਦਰਜ ਕੀਤਾ ਗਿਆ ਏ। ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਏ।